ਸਾਰਗ ਮਹਲਾ ੪ ॥ ਗੋਬਿਦ ਕੀ ਐਸੀ ਕਾਰ ਕਮਾਇ ॥ ਜੋ ਕਿਛੁ ਕਰੇ ਸੁ ਸਤਿ ਕਰਿ ਮਾਨਹੁ ਗੁਰਮੁਖਿ ਨਾਮਿ ਰਹਹੁ ਲਿਵ ਲਾਇ ॥ ੧॥ ਰਹਾਉ ॥ ਗੋਬਿਦ ਪ੍ਰੀਤਿ ਲਗੀ ਅਤਿ ਮੀਠੀ ਅਵਰ ਵਿਸਰਿ ਸਭ ਜਾਇ ॥ ਅਨਦਿਨੁ ਰਹਸੁ ਭਇਆ ਮਨੁ ਮਾਨਿਆ ਜੋਤੀ ਜੋਤਿ ਮਿਲਾਇ ॥੧॥ ਜਬ ਗੁਣ ਗਾਇ ਤਬ ਹੀ ਮਨੁ ਤ੍ਰਿਪਤੈ ਸਾਂਤਿ ਵਸੈ ਮਨਿ ਆਇ ॥ ਗੁਰ ਕਿਰਪਾਲ ਭਏ ਤਬ ਪਾਇਆ ਹਰਿ ਚਰਣੀ ਚਿਤੁ ਲਾਇ ॥ ੨॥ ਮਤਿ ਪ੍ਰਗਾਸ ਭਈ ਹਰਿ ਧਿਆਇਆ ਗਿਆਨਿ ਤਤਿ ਲਿਵ ਲਾਇ ॥ ਅੰਤਰਿ ਜੋਤਿ ਪ੍ਰਗਟੀ ਮਨੁ ਮਾਨਿਆ ਹਰਿ ਸਹਜਿ ਸਮਾਧਿ ਲਗਾਇ ॥ ੩॥ ਹਿਰਦੈ ਕਪਟੁ ਨਿਤ ਕਪਟੁ ਕਮਾਵਹਿ ਮੁਖਹੁ ਹਰਿ ਹਰਿ ਸੁਣਾਇ ॥ ਅੰਤਰਿ ਲੋਭੁ ਮਹਾ ਗੁਬਾਰਾ ਤੁਹ ਕੂਟੈ ਦੁਖ ਖਾਇ ॥੪॥ ਜਬ ਸੁਪ੍ਰਸੰਨ ਭਏ ਪ੍ਰਭ ਮੇਰੇ ਗੁਰਮੁਖਿ ਪਰਚਾ ਲਾਇ ॥ ਨਾਨਕ ਨਾਮ ਨਿਰੰਜਨੁ ਪਾਇਆ ਨਾਮੁ ਜਪਤ ਸੁਖੁ ਪਾਇ ॥੫॥੪॥ {ਪੰਨਾ 1199}

ਪਦਅਰਥ:- ਕਾਰ ਕਮਾਇ—ਕਾਰ ਕਰ। ਕਰੇ—(ਪਰਮਾਤਮਾ) ਕਰਦਾ ਹੈ। ਸੇ—ਉਹ (ਕੰਮ)। ਸਤਿ—ਅਟੱਲ, ਠੀਕ। ਕਰਿ—ਕਰ ਕੇ, ਸਮਝ ਕੇ। ਮਾਨਹੁ—ਮੰਨੋ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਨਾਮਿ—ਹਰਿ-ਨਾਮ ਵਿਚ। ਰਹਹੁ ਲਿਵ ਲਾਇ—ਸੁਰਤਿ ਜੋੜ ਕੇ ਟਿਕੇ ਰਹੋ।1। ਰਹਾਉ।

ਅਤਿ—ਬਹੁਤ। ਅਵਰ—ਹੋਰ ਪ੍ਰੀਤ। ਸਭ—ਸਾਰੀ। ਵਿਸਰਿ ਜਾਇ—ਭੁੱਲ ਜਾਂਦੀ ਹੈ। ਅਨਦਿਨੁ—ਹਰ ਰੋਜ਼, ਹਰ ਵੇਲੇ। ਰਹਸੁ—ਆਤਮਕ ਆਨੰਦ। ਮਾਨਿਆ—ਗਿੱਝ ਜਾਂਦਾ ਹੈ। ਜੋਤੀ—ਪ੍ਰਭੂ ਦੀ ਜੋਤਿ ਵਿਚ। ਜੋਤਿ—ਜਿੰਦ।1।

ਗਾਇ—ਗਾਂਦਾ ਹੈ। ਤ੍ਰਿਪਤੈ—ਮਾਇਆ ਵਲੋਂ ਰੱਜ ਜਾਂਦਾ ਹੈ। ਮਨਿ—ਮਨ ਵਿਚ। ਆਇ—ਆ ਕੇ।2।

ਪ੍ਰਗਾਸ—ਚਾਨਣ। ਗਿਆਨਿ—ਆਤਮਕ ਜੀਵਨ ਦੀ ਸੂਝ ਦੀ ਰਾਹੀਂ। ਤਤਿ—ਤੱਤ ਵਿਚ, ਜਗਤ ਦੇ ਮੂਲ-ਪ੍ਰਭੂ ਵਿਚ। ਲਿਵ ਲਾਇ—ਸੁਰਤਿ ਜੋੜ ਕੇ। ਅੰਤਰਿ—(ਉਸ ਦੇ) ਅੰਦਰ। ਸਹਜਿ—ਆਤਮਕ ਅਡੋਲਤਾ ਦੀ ਰਾਹੀਂ। ਹਰਿ ਸਮਾਧਿ ਲਗਾਇ—ਪਰਮਾਤਮਾ ਦੀ ਯਾਦ ਵਿਚ ਮਨ ਇਕਾਗ੍ਰ ਕਰ ਕੇ।3।

ਹਿਰਦੈ—ਹਿਰਦੇ ਵਿਚ। ਮੁਖਹੁ—ਮੂੰਹੋਂ। ਸੁਣਾਇ—ਸੁਣਾ ਕੇ। ਮਹਾ ਗੁਬਾਰਾ—ਵੱਡਾ ਘੁੱਪ ਹਨੇਰਾ। ਕੂਟੈ—ਕੁੱਟਦਾ ਹੈ। ਖਾਇ—ਖਾਂਦਾ ਹੈ, ਸਹਾਰਦਾ ਹੈ।4।

ਸੁਪ੍ਰਸੰਨ—ਬਹੁਤ ਖ਼ੁਸ਼। ਗੁਰਮੁਖਿ—ਗੁਰੂ ਦੀ ਰਾਹੀਂ। ਪਰਚਾ—{pircX} ਪਿਆਰ। ਨਿਰੰਜਨੁ—{ਨਿਰ-ਅੰਜਨੁ} ਮਾਇਆ ਦੀ ਕਾਲਖ ਤੋਂ ਰਹਿਤ, ਪਵਿੱਤਰ।5।

ਅਰਥ:- ਹੇ ਭਾਈ! ਪਰਮਾਤਮਾ ਦੀ ਸੇਵਾ-ਭਗਤੀ ਦੀ ਕਾਰ ਇਸ ਤਰ੍ਹਾਂ ਕਰਿਆ ਕਰ ਕਿ ਜੋ ਕੁਝ ਪਰਮਾਤਮਾ ਕਰਦਾ ਹੈ ਉਸ ਨੂੰ ਠੀਕ ਮੰਨਿਆ ਕਰ, ਅਤੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖਿਆ ਕਰ।1। ਰਹਾਉ।

ਹੇ ਭਾਈ! (ਜਿਸ ਮਨੁੱਖ ਨੂੰ ਆਪਣੇ ਮਨ ਵਿਚ) ਪਰਮਾਤਮਾ ਦੀ ਪ੍ਰੀਤ ਬਹੁਤ ਮਿੱਠੀ ਲੱਗਦੀ ਹੈ, ਉਸ ਨੂੰ (ਦੁਨੀਆ ਵਾਲੀ) ਹੋਰ ਸਾਰੀ ਪ੍ਰੀਤ ਭੁੱਲ ਜਾਂਦੀ ਹੈ। (ਉਸ ਦੇ ਅੰਦਰ) ਹਰ ਵੇਲੇ ਆਤਮਕ ਆਨੰਦ ਬਣਿਆ ਰਹਿੰਦਾ ਹੈ, ਉਸ ਦਾ ਮਨ (ਪ੍ਰਭੂ ਦੀ ਯਾਦ ਵਿਚ) ਗਿੱਝ ਜਾਂਦਾ ਹੈ, ਉਸ ਦੀ ਜਿੰਦ ਪਰਮਾਤਮਾ ਦੀ ਜੋਤਿ ਨਾਲ ਇਕ-ਮਿਕ ਹੋਈ ਰਹਿੰਦੀ ਹੈ।1।

ਹੇ ਭਾਈ! ਜਦੋਂ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ, ਤਦੋਂ ਹੀ ਉਸ ਦਾ ਮਨ (ਮਾਇਆ ਦੀਆਂ ਭੁੱਖਾਂ ਵਲੋਂ) ਰੱਜ ਜਾਂਦਾ ਹੈ, ਉਸ ਦੇ ਮਨ ਵਿਚ ਸ਼ਾਂਤੀ ਆ ਵੱਸਦੀ ਹੈ। ਸਤਿਗੁਰੂ ਜੀ ਜਦੋਂ ਉਸ ਉਤੇ ਦਇਆਵਾਨ ਹੁੰਦੇ ਹਨ, ਤਦੋਂ ਉਹ ਮਨੁੱਖ

ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜ ਕੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ।2।

ਹੇ ਭਾਈ! ਆਤਮਕ ਜੀਵਨ ਦੀ ਸੂਝ ਦੀ ਰਾਹੀਂ ਜਿਸ ਮਨੁੱਖ ਨੇ ਜਗਤ ਦੇ ਮੂਲ-ਪ੍ਰਭੂ ਵਿਚ ਸੁਰਤਿ ਜੋੜ ਕੇ ਉਸ ਦਾ ਸਿਮਰਨ ਕੀਤਾ, ਉਸ ਦੀ ਮਤਿ ਵਿਚ ਆਤਮਕ ਜੀਵਨ ਦਾ ਚਾਨਣ ਹੋ ਗਿਆ, ਉਸ ਦੇ ਅੰਦਰ ਪਰਮਾਤਮਾ ਦੀ ਜੋਤਿ ਪਰਗਟ ਹੋ ਗਈ, ਆਤਮਕ ਅਡੋਲਤਾ ਦੀ ਰਾਹੀਂ ਪਰਮਾਤਮਾ ਦੀ ਯਾਦ ਵਿਚ ਮਨ ਇਕਾਗ੍ਰ ਕਰ ਕੇ ਉਸ ਦਾ ਮਨ (ਉਸ ਯਾਦ ਵਿਚ) ਗਿੱਝ ਗਿਆ।3।

ਪਰ, ਹੇ ਭਾਈ! (ਜਿਨ੍ਹਾਂ ਮਨੁੱਖਾਂ ਦੇ) ਹਿਰਦੇ ਵਿਚ ਠੱਗੀ ਵੱਸਦੀ ਹੈ, ਉਹ ਮਨੁੱਖ (ਨਿਰਾ) ਮੂੰਹੋਂ ਹਰਿ-ਨਾਮ ਸੁਣਾ ਸੁਣਾ ਕੇ (ਅੰਦਰੋਂ ਅੰਦਰ) ਠੱਗੀ ਦਾ ਵਿਹਾਰ ਕਰਦੇ ਰਹਿੰਦੇ ਹਨ। ਹੇ ਭਾਈ! (ਜਿਸ ਮਨੁੱਖ ਦੇ) ਹਿਰਦੇ ਵਿਚ (ਸਦਾ) ਲੋਭ ਵੱਸਦਾ ਹੈ, ਉਸ ਦੇ ਹਿਰਦੇ ਵਿਚ ਮਾਇਆ ਦੇ ਮੋਹ ਦਾ ਘੁੱਪ ਹਨੇਰਾ ਬਣਿਆ ਰਹਿੰਦਾ ਹੈ। ਉਹ ਮਨੁੱਖ ਇਉਂ ਹੈ ਜਿਵੇਂ ਉਹ ਦਾਣਿਆਂ ਤੋਂ ਸੱਖਣੇ ਨਿਰੇ ਤੋਹ ਹੀ ਕੁੱਟਦਾ ਰਹਿੰਦਾ ਹੈ ਅਤੇ ਤੋਹ ਕੁੱਟਣ ਦੀਆਂ ਖੇਚਲਾਂ ਹੀ ਸਹਾਰਦਾ ਹੈ।4।

ਹੇ ਨਾਨਕ! ਜਦੋਂ ਮੇਰੇ ਪ੍ਰਭੂ ਜੀ (ਕਿਸੇ ਮਨੁੱਖ ਉੱਤੇ) ਬੜੇ ਪਰਸੰਨ ਹੁੰਦੇ ਹਨ, ਤਦੋਂ ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਜੀ ਨਾਲ ਪਿਆਰ ਪਾਂਦਾ ਹੈ, ਤਦੋਂ ਉਹ ਮਾਇਆ ਦੇ ਮੋਹ ਤੋਂ ਨਿਰਲੇਪ ਕਰਨ ਵਾਲਾ ਹਰਿ-ਨਾਮ ਮਨ ਵਿਚ ਵਸਾਂਦਾ ਹੈ, ਅਤੇ ਨਾਮ ਜਪਦਿਆਂ ਆਤਮਕ ਆਨੰਦ ਮਾਣਦਾ ਹੈ।5।4।